# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

WORLD PUNJABI TIMES REACHING THE WORLD

ਮਾਸਟਰ ਪਰਮਵੇਦ

Epaper World Punjabi Times | 10 ਜਨਵਰੀ 2026 ਦਿਨ ਸ਼ਨੀਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਗ਼ਜ਼ਲ ਮੰਚ ਸਰੀ ਵੱਲੋਂ ਪ੍ਰਸਿੱਧ ਵਿਦਵਾਨ ਡਾ. ਰਾਜਿੰਦਰ ਪਾਲ ਸਿੰਘ ਬਰਾੜ ਤੇ ਡਾ. ਚਰਨਜੀਤ ਕੌਰ ਬਰਾੜ ਨਾਲ ਰੂਬਰੂ ਅਤੇ ਸਨਮਾਨ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 10 ਜਨਵਰੀ : ਗਜ਼ਲ ਮੰਚ ਸਰੀ ਵੱਲੋਂ ਬੀਤੇ ਦਿਨੀਂ ਪੰਜਾਬੀ ਦੇ ਪ੍ਰਸਿੱਧ ਵਿਦਵਾਨ ਡਾ. ਰਾਜਿੰਦਰ ਪਾਲ ਸਿੰਘ ਬਰਾੜ ਤੇ ਡਾ. ਚਰਨਜੀਤ ਕੌਰ ਬਰਾੜ ਨਾਲ ਰੂਬਰੂ ਪ੍ਰੋਗਰਾਮ ਕਰਵਾਇਆ ਗਿਆ। ਇਸ ਵਿੱਚ ਦੋਹਾਂ ਵਿਦਵਾਨਾਂ ਨੇ ਆਪਣੇ ਜੀਵਨ ,ਅਧਿਆਪਨ ਸਫਰ ਅਤੇ ਜ਼ਿੰਦਗੀ ਦੇ ਤਜਰਬਿਆਂ ਬਾਰੇ ਵਿਆਖਿਆ ਸਾਹਿਤ ਗੱਲਬਾਤ ਕੀਤੀ।

ਗ਼ਜ਼ਲ ਮੰਚ ਦੇ ਪ੍ਰਧਾਨ ਜਸਵਿੰਦਰ ਨੇ ਮਹਿਮਾਨਾਂ ਦੀ ਜਾਣ ਪਛਾਣ ਕਰਵਾਉਂਦਿਆਂ ਕਿਹਾ ਕਿ ਇਸ ਵਿਦਵਾਨ ਜੋੜੀ ਨੇ ਆਪਣੀਆਂ ਸੇਵਾਵਾਂ ਰਾਹੀਂ ਪੰਜਾਬੀ ਸਾਹਿਤਕ ਖੇਤਰ ਵਿਚ ਬੜਾ ਮਾਣਮੱਤਾ ਸਥਾਨ ਹਾਸਿਲ ਕੀਤਾ ਹੈ ।ਇਹਨਾਂ ਦੇ ਅਕਾਦਮਿਕ ਕਾਰਜਾਂ ਦਾ ਖੇਤਰ ਬੜਾ ਵਸੀਹ ਹੈ । ਡਾਕਟਰ ਰਾਜਿੰਦਰਪਾਲ ਬਰਾੜ ਯੂਨੀਵਰਸਿਟੀ ਵਿਖੇ ਉਚ ਅਹੁਦਿਆਂ ‘ਤੇ ਰਹਿਣ ਦੇ ਬਾਵਜੂਦ ਜ਼ਮੀਨ ਨਾਲ ਜੁੜੇ ਹੋਏ ਵਿਦਵਾਨ ਹਨ ।ਅਜ ਕੱਲ੍ਹ ਸੋਸ਼ਲ ਮੀਡੀਆ ਦੀ ਯੋਗ ਵਰਤੋਂ ਕਰ ਕੇ ਡਾ. ਚਰਨਜੀਤ ਬਰਾੜ ਤੇ ਡਾ. ਰਾਜਿੰਦਰ ਪਾਲ ਸਿੰਘ ਬਰਾੜ ਆਪਣਾ ਚੈਨਲ ਅਤੇ ਵਟਸਐਪ ਗਰੁੱਪ ਕਾਮਯਾਬੀ ਨਾਲ ਚਲਾ ਰਹੇ ਹਨ ਜਿੱਥੇ ਬੜੀਆਂ ਗੰਭੀਰ ਗੱਲਾਂ ਬਾਤਾਂ ਹੁੰਦੀਆਂ ਹਨ।

ਡਾ. ਰਾਜਿੰਦਰ ਪਾਲ ਸਿੰਘ ਬਰਾੜ ਨੇ ਦੱਸਿਆ ਕਿ ਉਹਨਾਂ ਨੂੰ ਬਚਪਨ ਤੋਂ ਹੀ ਪਰਿਵਾਰ ਵਿਚ ਸਾਹਿਤਕ ਮਾਹੌਲ ਮਿਲਿਆ। ਉਹਨਾਂ ਦੇ ਪਿਤਾ ਜੀ ਅਧਿਆਪਕ ਸਨ ।ਇਸ ਤਰ੍ਹਾਂ ਉਹਨਾਂ ਨੂੰ ਘਰ ਵਿਚ ਹੀ ਅਗਾਂਹਵਧੂ ਸਾਹਿਤ ਨਾਲ ਜੁੜਨ ਦਾ ਮੌਕਾ ਮਿਲਿਆ। ਬੀਐਸਸੀ ਮੈਡੀਕਲ ਤੱਕ ਪੜ੍ਹਾਈ ਕਰ ਕੇ ਉਹ ਪੰਜਾਬੀ ਯੂਨੀਵਰਸਿਟੀ ਵਿੱਚ ਚਲੇ ਗਏ ਅਤੇ ਮੈਡੀਕਲ ਲਾਈਨ ਛੱਡ ਕੇ ਪੰਜਾਬੀ ਭਾਸ਼ਾ ਵੱਲ ਆ ਗਏ। ਇਸ ਪੜ੍ਹਾਈ ਤੋਂ ਪਹਿਲਾਂ ਉਹਨਾਂ ਨੂੰ ਸਕੂਲ ਅਧਿਆਪਕ ਦੀ ਸਰਕਾਰੀ ਨੌਕਰੀ ਵੀ ਮਿਲ ਗਈ ਸੀ ਪਰ ਉਸ ਨੂੰ ਛੱਡ ਕੇ ਹੀ ਉਹਨਾਂ ਨੇ ਐਮ ਫਿਲ ਵਿੱਚ ਦਾਖਲਾ ਲੈ ਲਿਆ ਸੀ। ਉਹਨਾਂ ਆਪਣੀ ਲਗਨ ਤੇ ਮਿਹਨਤ ਨਾਲ ਪੀਐਚਡੀ ਕਰਕੇ ਯੂਨੀਵਰਸਿਟੀ ਦੇ ਵਿੱਚ ਅਧਿਆਪਕ ਵਜੋਂ ਨੌਕਰੀ ਹਾਸਿਲ ਕੀਤੀ। ਪੰਜਾਬੀ ਯੂਨੀਵਰਸਿਟੀ ਵਿੱਚ ਹੀ ਉਹਨਾਂ ਦੀ ਮੁਲਾਕਾਤ ਅਗਾਂਹਵਧੂ ਖਿਆਲਾਂ ਦੀ ਬੜੀ ਸੰਘਰਸ਼ਸ਼ੀਲ ਸ਼ਖਸ਼ੀਅਤ ਡਾ. ਚਰਨਜੀਤ ਕੌਰ ਨਾਲ ਹੋਈ ਅਤੇ ਉਹ ਵਿਆਹ ਦੇ ਬੰਧਨ ਵਿਚ ਬੱਝ ਗਏ। ਡਾ: ਚਰਨਜੀਤ ਕੌਰ ਬਰਾੜ ਨੇ ਵੀ ਇਸ ਮੌਕੇ ਆਪਣੇ ਜੀਵਨ ਦੇ ਦਿਲਚਸਪ ਬਿਰਤਾਂਤ ਸਾਂਝੇ ਕੀਤੇ ।ਉਨ੍ਹਾਂ ਯੂਨੀਵਰਸਿਟੀ ਵਿੱਚ ਵੱਖ-ਵੱਖ ਤਰ੍ਹਾਂ ਦੇ ਸੰਘਰਸ਼ਾਂ ਵਿਚ ਪਾਏ ਆਪਣੇ ਯੋਗਦਾਨ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਉਹਨਾ ਦੀਆਂ ਦੋ ਹੋਣਹਾਰ ਬੇਟੀਆਂ ਹਨ ਅਤੇ ਉਹ ਇੱਥੇ ਬੀ.ਸੀ. (ਕੈਨੇਡਾ) ਵਿਚ ਹੀ ਆਪਣੇ ਪਰਿਵਾਰਾਂ ਨਾਲ ਰਹਿ ਰਹੀਆਂ ਹਨ।

ਚਾਰ ਘੰਟੇ ਲਗਾਤਾਰ ਚੱਲੇ ਇਸ ਪ੍ਰੋਗਰਾਮ ਵਿੱਚ ਇਸ ਵਿਦਵਾਨ ਜੋੜੀ ਨੇ ਇੱਕ ਤਰ੍ਹਾਂ ਸਮਾਂ ਬੰਨ ਕੇ ਰੱਖ ਦਿੱਤਾ ਅਤੇ ਇਹ ਦਿਨ ਗ਼ਜ਼ਲ ਮੰਚ ਸਰੀ ਲਈ ਇਕ ਯਾਦਗਾਰੀ ਦਿਨ ਬਣਾ ਦਿੱਤਾ। ਗੱਲਬਾਤ ਤੋਂ ਬਾਅਦ ਕਵਿਤਾਵਾਂ, ਗਜ਼ਲਾਂ ਦਾ ਦੌਰ ਚੱਲਿਆ ਜਿਸ ਵਿੱਚ ਹਾਜ਼ਰ ਸ਼ਾਇਰ ਜਸਵਿੰਦਰ, ਰਾਜਵੰਤ ਰਾਜ, ਦਵਿੰਦਰ ਗੌਤਮ, ਦਸ਼ਮੇਸ਼ ਗਿੱਲ ਫ਼ਿਰੋਜ਼, ਸੁਖਜੀਤ ਹੁੰਦਲ ਅਤੇ ਪ੍ਰੀਤ ਮਨਪ੍ਰੀਤ ਨੇ ਆਪਣੀਆਂ ਰਚਨਾਵਾਂ ਸੁਣਾਈਆਂ। ਡਾ. ਜੋੜੀ ਨੇ ਵੀ ਇਨ੍ਹਾਂ ਰਚਨਾਵਾਂ ਦਾ ਬੜਾ ਅੱਛਾ ਪ੍ਰਭਾਵ ਕਬੂਲ ਕੀਤਾ ਅਤੇ ਉਹਨਾਂ ਨੇ ਮੰਨਿਆ ਕਿ ਪੰਜਾਬੀ ਵਿੱਚ ਜਿਹੜੀ ਖੂਬਸੂਰਤ ਗ਼ਜ਼ਲ ਸਰੀ ਦੇ ਵਿੱਚ ਰਚੀ ਜਾ ਰਹੀ ਹੈ ਉਸ ਦੇ ਵਿੱਚ ਗ਼ਜ਼ਲ ਮੰਚ ਸਰੀ ਦਾ ਬੜਾ ਵੱਡਾ ਨਾਂ ਅਤੇ ਵੱਡਾ ਯੋਗਦਾਨ ਹੈ। ਪ੍ਰੋਗਰਾਮ ਦੇ ਅੰਤ ਵਿੱਚ ਗ਼ਜ਼ਲ ਮੰਚ ਵੱਲੋਂ ਡਾ. ਰਾਜਿੰਦਰ ਪਾਲ ਸਿੰਘ ਬਰਾੜ ਤੇ ਡਾ. ਚਰਨਜੀਤ ਕੌਰ ਬਰਾੜ ਦਾ ਵਿਸ਼ੇਸ਼ ਮਹਿਮਾਨ ਵਜੋਂ ਸਨਮਾਨ ਕੀਤਾ ਗਿਆ। ਸਾਰਾ ਪ੍ਰੋਗਰਾਮ ਬਹੁਤ ਖੁਸ਼ਗਵਾਰ ਮਾਹੌਲ ਵਿੱਚ ਯਾਦਗਾਰੀ ਹੋ ਨਿਬੜਿਆ।

## ਪੱਤਰਕਾਰ ਨਸੀਬ ਚੰਦ ਸ਼ਰਮਾ ਨੂੰ ਸਦਮਾ, ਪਤਨੀ ਦਾ ਦਿਹਾਂਤ

### 13 ਜਨਵਰੀ ਦਿਨ ਮੰਗਲਵਾਰ ਨੂੰ ਬਾਲਿਆਂਵਾਲੀ ਵਿਖੇ ਹੋਵੇਗੀ ਅੰਤਿਮ ਅਰਦਾਸ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ 10 ਜਨਵਰੀ : ਪ੍ਰੈੱਸ ਕਲੱਬ ਬਠਿੰਡਾ ਦਿਹਾਤੀ (ਰਜਿ)ਦੇ ਖਜਾਨਚੀ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਸੂਬਾ ਪ੍ਰਧਾਨ ਪੱਤਰਕਾਰ ਨਸੀਬ ਚੰਦ ਸ਼ਰਮਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਜੀਵਨ ਸਾਥੀ ਬੀਬੀ ਕ੍ਰਿਸ਼ਨਾ ਦੇਵੀ (67) 4 ਜਨਵਰੀ ਵਾਲੇ ਦਿਨ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ। ਇਸ ਦੁੱਖ ਦੀ ਘੜੀ ਦੇ ਵਿੱਚ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ(ਰਜਿ ) ਦੇ ਸਰਪ੍ਰਸਤ ਭਾਈ ਜਸਕਰਨ ਸਿੰਘ ਸਿਵੀਆਂ,ਪ੍ਰਧਾਨ ਗੁਰਜੀਤ ਚੌਹਾਨ, ਜਨਰਲ ਸਕੱਤਰ ਸੁਰਿੰਦਰ ਪਾਲ ਸਿੰਘ ਬੱਲੂਆਣਾ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਚਹਿਲ, ਵਿਸ਼ੇਸ਼ ਸਲਾਹਕਾਰ ਗੁਰਸੇਵਕ ਸਿੰਘ ਚੁੱਘੇ ਖੁਰਦ, ਸੀਨੀਅਰ ਪੱਤਰਕਾਰ ਜਸਵੀਰ ਸਿੰਘ ਕਟਾਰ ਸਿੰਘ ਵਾਲਾ ਵੱਲੋਂ ਪੱਤਰਕਾਰ ਨਸੀਬ ਚੰਦ ਸ਼ਰਮਾ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਦੁੱਖ ਸਾਂਝਾ ਕੀਤਾ ਗਿਆ। ਨਸੀਬ ਚੰਦ ਸ਼ਰਮਾ ਦੀ ਪਤਨੀ ਸਵਰਗਵਾਸੀ ਬੀਬੀ ਕ੍ਰਿਸ਼ਨਾ ਦੇਵੀ ਦੇ ਨਮਿੱਤ 13 ਜਨਵਰੀ ਦਿਨ ਮੰਗਲਵਾਰ ਨੂੰ ਦੁਪਹਿਰ 12 ਵਜੇ ਤੋਂ ਲੈ ਕੇ 1 ਵਜੇ ਤੱਕ ਗੁਰਦੁਆਰਾ ਸਾਹਿਬ ਕਿਲਾ ਮੁਬਾਰਕ ਚੁੱਲ੍ਹੇ ਬਾਬਾ ਗੁੱਦੜ ਸਿੰਘ, ਮੁੱਖ ਬਾਜ਼ਾਰ ਬਾਲਿਆਂ ਵਾਲੀ ਵਿਖੇ ਅੰਤਮ ਅਰਦਾਸ ਹੋਵੇਗੀ। ਬੀਬੀ ਕ੍ਰਿਸ਼ਨਾ ਦੇਵੀ ਆਪਣੇ ਪਿੱਛੇ ਪਤੀ, ਪੁੱਤਰ, ਧੀਆਂ, ਜਵਾਈ,ਪੋਤਰਾ,ਪੋਤਰੀ, ,ਦੋਹਤੇ ਆਦਿ ਭਰਿਆ ਪਰਿਵਾਰ ਛੱਡ ਗਏ ਹਨ।

## ਹਮੇਸ਼ਾ ਚੜ੍ਹਦੀਕਲਾ ‘ਚ ਰਹਿਣ ਵਾਲਾ ਸੀ ਅਕਬਾਲ ਸਿੰਘ ਹੈਪੀ

ਵਰਲਡ ਪੰਜਾਬੀ ਟਾਈਮਜ਼ ਮੇਜਰ ਸਿੰਘ ਨਾਭਾ



ਗੁਰਬਾਣੀ ਵਿੱਚ ਮੌਤ ਸਬੰਧੀ ਅਕਾਲ ਪੁਰਖ ਦੇ ਭਾਣੇ ਨੂੰ ਸਵੀਕਾਰ ਕਰਨ ਬਾਰੇ ਜ਼ਿਕਰ ਆਉਂਦਾ ਹੈ , ਮੌਤ ਅਤੇ ਜ਼ਿੰਦਗੀ ਬਾਰੇ ਮਨੁੱਖ ਦੇ ਹੱਥ ਵਸ ਕੁਝ ਨਹੀਂ ਜਿਵੇਂ, “ਮਾਰੈ ਰਾਖੈ ਏਕੋ ਆਪਿ । ਮਾਨੁਖ ਕੈ ਕਿਛੁ ਨਾਹੀ ਹਾਥਿ ।” ਇਸੇ ਤਰ੍ਹਾਂ ਪਿਛਲੇ ਦਿਨੀਂ ਹਮੇਸ਼ਾ ਚੜ੍ਹਦੀਕਲਾ ਵਿੱਚ ਰਹਿਣ ਵਾਲੇ ਗੁਰਸਿੱਖੀ ਨਾਲ ਜੁੜੇ ਅਕਬਾਲ ਸਿੰਘ ਹੈਪੀ ਆਪਣੀ ਇਸ ਫਾਨੀ ਸੰਸਾਰ ਤੋਂ ਵਾਹਿਗੁਰੂ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਪੂਰੀ ਕਰਦੇ ਹੋਏ ਸਦੀਵੀ ਸਰੀਰਕ ਵਿਛੋੜਾ ਦੇ ਗਏ । ਉਨ੍ਹਾਂ ਦਾ ਜਨਮ ਸਵ: ਸ੍ਰ. ਮਹਿੰਦਰ ਸਿੰਘ (ਦੰਦਰਾਲਾ ਢੀਂਡਸਾ ) ਦੇ ਘਰ ਸਵ: ਮਾਤਾ ਰਜਿੰਦਰ ਕੌਰ ਦੀ ਕੁੱਖੋਂ ਲੁਧਿਆਣਾ ਵਿਖੇ 1 ਅਕਤੂਬਰ 1970 ਨੂੰ ਹੋਇਆ । ਉਨ੍ਹਾਂ ਦੇ ਪਿਤਾ ਜੀ ਹੌਜਰੀ ਦਾ ਕੰਮ ਕਰਦੇ ਸੀ । ਉਨ੍ਹਾਂ ਆਪਣੇ ਘਰ ਵਿੱਚ ਹੀ ਹੌਜ਼ਰੀ ਦਾ ਕੰਮ ਬੇਟੇ ਅਕਬਾਲ ਸਿੰਘ ਅਤੇ ਛੋਟੇ ਬੇਟੇ ਸੁਖਵਿੰਦਰ ਸਿੰਘ ਡਿੰਪਲ ਨੂੰ ਉਨ੍ਹਾਂ ਦੀ ਗਰੇਜੂਏਸ਼ਨ ਕਰਨ ਬਾਦ ਸ਼ੁਰੂ ਕਰਕੇ ਦਿੱਤਾ ।ਇਕਬਾਲ ਸਿੰਘ ਦਾ ਵਿਆਹ ਰਿਤੂ ਸਿੰਘ (ਬੋਬੀ ) ਨਾਲ ਲੁਧਿਆਣਾ ਵਿਖੇ ਹੋਇਆ । ਉਨ੍ਹਾਂ ਦੇ ਘਰ ਦੋ ਬੇਟੀਆਂ ਅਤੇ ਇੱਕ ਬੇਟੇ ਨੇ ਜਨਮ ਲਿਆ । ਵੱਡੀ ਬੇਟੀ ਸਿਮਰਨ ਕੌਰ ਕਨੇਡਾ ਵਿਖੇ ਆਪਣੇ ਪਤੀ ਬਲਦੀਪ ਸਿੰਘ ਨਾਲ ਰਹਿ ਰਹੀ ਹੈ , ਛੋਟੀ ਬੇਟੀ ਤਾਨਿਆ ਸਿੰਘ ਪੋਸਟ-ਗਰੇਜੂਏਸ਼ਨ ਕਰ ਰਹੀ ਹੈ । ਬੇਟਾ ਜੋਗਰਾਜ ਜੰਗ ਫਤਿਹ ਸਿੰਘ ਦਸਵੀਂ ਜਮਾਤ ਵਿੱਚ ਪੜ੍ਹ ਰਿਹਾ ਹੈ । ਹੋਜ਼ਰੀ ਦੇ ਕੰਮ ‘ਚ ਦਿਲਚਸਪੀ ਨਾ ਹੋਣ ਕਾਰਨ ਇਸ ਕੰਮ ਨੂੰ ਤਿਲਾਂਜਲੀ ਦੇ ਕੇ ਉਸ ਨੇ ‘ਜੇ.ਜੇ. ਫਤਿਹ ਸਿੰਘ ਐਂਡ ਕੰਪਨੀ’ ਖੋਲ੍ਹ ਕੇ ਪ੍ਰਾਪਰਟੀ ਐਡਵਾਈਜ਼ਰ ਦਾ ਕੰਮ ਮੋਤੀ ਨਗਰ ਲੁਧਿਆਣਾ ਵਿਖੇ ਦਫਤਰ ਖੋਲ੍ਹ ਕੇ ਸ਼ੁਰੂ ਕਰ ਲਿਆ , ਜੋ ਪਿਛਲੇ ਦੋ ਦਹਾਕਿਆਂ ਤੋਂ ਵਧੀਆ ਚਲ ਰਿਹਾ ਸੀ । ਉਸ ਦਾ ਦੋਸਤਾਨਾ ਦਾਇਰਾ ਬਹੁਤ ਵਿਸਾਲ ਸੀ ।ਉਸਦੀ ਗੱਲਬਾਤ ਕਰਨ ਦੇ ਸਲੀਕੇ ਤੋਂ ਹਰੇਕ ਪ੍ਰਭਾਵਿਤ ਹੋ ਜਾਂਦਾ ਸੀ । ਉਸ ਦਾ ਸੁਭਾਅ ਖੁੱਲ੍ਹਦਿਲੀ ਵਾਲਾ ਸੀ । ਭਾਵੇਂ ਉਹ ਪਹਿਲਾਂ ਕਲੀਨ ਸੇਵ ਵੀ ਰਿਹਾ ਪਰ ਬਾਅਦ ਵਿੱਚ ਅੰਮ੍ਰਿਤ ਛੱਕ ਕੇ ਐਸਾ ਗੁਰਸਿੱਖੀ ਜੀਵਨ ਅਪਣਾਇਆ ਕਿ ਸਾਰਾ ਪਰਿਵਾਰ ਹੀ ਗੁਰਸਿੱਖੀ ਨਾਲ ਜੁੜ ਗਿਆ । ਉਹ ਮੋਤੀ ਨਗਰ ਮੁਹੱਲੇ ਦੇ ਗੁਰੂ ਘਰ ਦਾ ਮੁੱਖ ਸੇਵਾਦਾਰ ਵੀ ਰਿਹਾ, ਇਸ ਦੌਰਾਨ ਉਸ ਨੇ ਪੂਰੇ ਮਨ ਤਨ ਧਨ ਨਾਲ ਗੁਰੂ ਘਰ ਦੀ ਸੇਵਾ ਕੀਤੀ ।ਉਹ ਇਤਿਹਾਸਕ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਨ ਅਕਸਰ ਜਾਂਦਾ ਰਹਿੰਦਾ ਸੀ ।ਉਹ ਅਕਸਰ ਹੀ ਪਿੰਡ ਦੰਦਰਾਲਾ ਢੀਂਡਸਾ ਵਿਖੇ ਬਾਬਾ ਸੁੱਖਾ ਸਿੰਘ ਦੇ ਅਸਥਾਨ ਤੇ ਦਸਮੀ ਨੂੰ ਪਰਿਵਾਰ ਸਮੇਤ ਨਤਮਸਤਕ ਹੋਇਆ ਕਰਦਾ ਸੀ । ਉਸ ਅੰਦਰਲੀ ਧਾਰਮਿਕ ਬਿਰਤੀ ਦਾ ਜਲਾਲ ਝਲਕਦਾ ਸੀ । ਉਹ ਪਰਿਵਾਰ ਸਮੇਤ 27 ਦਸੰਬਰ 2025 ਨੂੰ ਮੱਤੇਵਾੜਾ ਜੰਗਲ ਨੇੜੇ ਗੁਰਦੁਆਰਾ ਸਹੀਦਾਂ ਬੂਥਗੜ੍ਹ ਵਿਖੇ ਦਰਸ਼ਨ ਕਰਨ ਗਿਆ ਤਾਂ ਦਰਸ਼ਨ ਕਰਕੇ ਲੰਗਰ ਹਾਲ ਵਿੱਚ ਸਾਮ ਵੇਲੇ ਲੰਗਰ ਛੱਕਦਿਆਂ ਨੂੰ ਬ੍ਰੇਨ ਸਟਰੋਕ ਆ ਗਿਆ , ਉਥੋਂ ਮੁਢਲੀ ਫਸਟ ਏਡ ਦਿਵਾ ਕੇ ਪਰਿਵਾਰ ਨੇ ਲੁਧਿਆਣਾ ਦੇ ਨਾਮੀ ਹਸਪਤਾਲ ਵਿੱਚ ਬੇਹੋਸ਼ੀ ਦੀ ਹਾਲਤ ਵਿੱਚ ਦਾਖਲ ਕਰਵਾ ਦਿੱਤਾ ਪਰ ਆਈ.ਸੀ.ਯੂ. ‘ਚ ਰਹਿਣ ਦੇ ਬਾਵਜੂਦ ਕੋਈ ਸਿਹਤ ‘ਚ ਸੁਧਾਰ ਨਾ ਹੋਇਆ ਅਤੇ 3 ਜਨਵਰੀ 2026 ਨੂੰ ਅਕਬਾਲ ਸਿੰਘ ਪਰਿਵਾਰ ਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਿਆ । ਭਾਵੇਂ ਇਹ ਵਿਛੋੜਾ ਬੜਾ ਅਸਹਿ ਹੈ , ਵਾਹਿਗੁਰੂ ਜੀ ਸਮੁੱਚੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ । ਉਨ੍ਹਾਂ ਦੀ ਨਮਿੱਤ ਸ੍ਰੀ ਸਹਿਜ ਪਾਠ ਦੇ ਭੋਗ ਉਨ੍ਹਾਂ ਦੇ ਗ੍ਰਹਿ ਮੋਤੀ ਨਗਰ ਵਿਖੇ 12 ਜਨਵਰੀ ਦਿਨ ਸੋਮਵਾਰ ਨੂੰ ਸਵੇਰੇ 9:30 ਵਜੇ ਪੈਣ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਦੁਪਿਹਰ 12 ਤੋਂ 1:30 ਵਜੇ ਤੱਕ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਸਿੰਘ ਸਭਾ ਮੋਤੀ ਨਗਰ ਲੁਧਿਆਣਾ ਵਿਖੇ ਹੋਵੇਗੀ ।

## ਬੁੱਚੜ ਕੇ.ਪੀ.ਐਸ. ਗਿੱਲ ਦੇ ਚਪੇੜ ਮਾਰਨ ਵਾਲੇ ਅਤੇ ਖ਼ਾਲਿਸਤਾਨ ਦਾ ਸੰਵਿਧਾਨ ਜਾਰੀ ਕਰਨ ਵਾਲੇ ਅਕਾਲ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਜੁਝਾਰੂ ਭਾਈ ਕੰਵਰ ਸਿੰਘ ਧਾਮੀ ਕੀਤੇ ਅਕਾਲ ਚਲਾਣਾ

### ਪੰਥਕ ਜਥੇਬੰਦੀਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਅਤੇ ਪੰਥਕ ਸੇਵਾ ਨੂੰ ਪ੍ਰਣਾਮ

ਵਰਲਡ ਪੰਜਾਬੀ ਟਾਈਮਜ਼



ਚੰਡੀਗੜ੍ਹ, 10 ਜਨਵਰੀ : ਅੱਜ ਸਿੱਖ ਸੰਘਰਸ਼ ਦੇ ਜੁਝਾਰੂ ਯੋਧੇ ਅਤੇ ਅਕਾਲ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਕੰਵਰ ਸਿੰਘ ਧਾਮੀ ਅਕਾਲ ਚਲਾਣਾ ਕਰ ਗਏ ਹਨ। ਜਾਣਕਾਰੀ ਸਾਂਝੀ ਕਰਦਿਆਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਖ਼ਾਲਿਸਤਾਨੀ ਚਿੰਤਕ ਭਾਈ ਸਰਬਜੀਤ ਸਿੰਘ ਘੁਮਾਣ, ਟਰੱਸਟ ਦੇ ਮੈਂਬਰ ਬੀਬੀ ਭੁਪਿੰਦਰ ਕੌਰ ਖਾਲਸਾ ਅਤੇ ਭਾਈ ਗੁਰਸ਼ਰਨ ਸਿੰਘ ਨੇ ਦੱਸਿਆ ਕਿ ਭਾਈ ਕੰਵਰ ਸਿੰਘ ਧਾਮੀ ਨੂੰ ਅੱਜ ਸਾਹ ਦੀ ਤਕਲੀਫ ਆਉਣ ਕਾਰਨ ਸੈਕਟਰ 32 ਦੇ ਜੀ.ਐਮ.ਸੀ.ਐਚ. ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ ਜਿੱਥੇ ਉਹ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦਿਆਂ ਹੋਇਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਜਿਕਰਯੋਗ ਹੈ ਕਿ ਜਦੋਂ ਜੁਝਾਰੂ ਸੰਘਰਸ਼ ਦੌਰਾਨ ਭਾਈ ਕੰਵਰ ਸਿੰਘ ਧਾਮੀ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਪੁਲਿਸ ਮੁਖੀ ਕੇਪੀਐਸ ਗਿੱਲ ਨੇ ਉਹਨਾਂ ਪਾਸੋਂ ਸੰਘਰਸ਼ ਖਿਲਾਫ਼ ਬੁਲਾਉਣਾ ਚਾਹਿਆ ਤਾਂ ਭਾਈ ਕੰਵਰ ਸਿੰਘ ਧਾਮੀ ਨੇ ਖਾਲਿਸਤਾਨ ਦੇ ਸੰਘਰਸ਼ ਦੀ ਪਹਿਰੇਦਾਰੀ ਕਰਦਿਆਂ ਤੇ ਹਿੰਦ ਸਰਕਾਰ ਨੂੰ ਵੰਗਾਰਦਿਆਂ ਮੀਡੀਆ ਦੇ ਸਾਹਮਣੇ ਹੀ ਬੁੱਚੜ ਕੇਪੀਐਸ ਗਿੱਲ ਦੇ ਥੱਪੜ ਮਾਰ ਦਿੱਤਾ ਸੀ ਤੇ ਇਸ ਗੱਲ ਦੀ ਮੀਡੀਆ ਵਿੱਚ ਖੂਬ ਚਰਚਾ ਹੋਈ ਸੀ। ਭਾਈ ਸਾਹਿਬ ਨੇ ਅਨੇਕਾਂ ਵਾਰ ਜੇਲਾਂ ਕੱਟੀਆਂ। ਉਹਨਾਂ ਨੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਸਾਥ ਮਾਣਿਆ ਅਤੇ ਸੰਤ ਭਿੰਡਰਾਂਵਾਲਿਆਂ ਦੇ ਹੁਕਮ ਅਨੁਸਾਰ 26 ਜਨਵਰੀ 1984 ਨੂੰ ਭਾਈ ਕੰਵਰ ਸਿੰਘ ਧਾਮੀ ਨੇ ਅਕਾਲ ਫੈਡਰੇਸ਼ਨ ਵੱਲੋਂ ਜਥੇਦਾਰ ਭਾਈ ਜਗਜੀਤ ਸਿੰਘ ਨਿਹੰਗ ਖੁੱਡਾ, ਸ਼ਹੀਦ ਭਾਈ ਸਵਰਨ ਸਿੰਘ ਨਿਹੰਗ ਖੁੱਡਾ, ਸ਼ਹੀਦ ਭਾਈ ਗੁਰਮੀਤ ਸਿੰਘ ਖੁੱਡਾ, ਭਾਈ ਮਨਜੀਤ ਸਿੰਘ ਬੋਲੇਵਾਲ ਅਤੇ ਭਾਈ ਪ੍ਰੀਤਮ ਸਿੰਘ ਜਹੂਰਾ ਨਾਲ ਮਿਲ ਕੇ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਖਾਲਿਸਤਾਨ ਦਾ ਸੰਵਿਧਾਨ ਵੀ ਜਾਰੀ ਕੀਤਾ ਸੀ ਜੋ ਅਕਾਲ ਟਾਈਮਜ ਕਿਤਾਬਚੇ ਵਿਚ ਛਾਪਿਆ ਗਿਆ ਸੀ ਤੇ ਖਾਲਸਾਈ ਨਿਸ਼ਾਨ ਸਾਹਿਬ ਨੂੰ ਸਲਾਮੀ ਵੀ ਦਿੱਤੀ ਗਈ ਸੀ ਤੇ ਇਸ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਆਕਾਸ਼ ਵੱਲ ਬੰਦੂਕਾਂ ਤਾਣ ਕੇ ਫਾਇਰਿੰਗ ਵੀ ਕੀਤੀ ਸੀ। ਭਾਈ ਕੰਵਰ ਸਿੰਘ ਧਾਮੀ ਜੋ ਜੁਝਾਰੂ ਸੰਘਰਸ਼ ਤੋਂ ਬਾਅਦ ਚੰਡੀਗੜ੍ਹ ਦੇ ਸੈਕਟਰ 55, ਪਲਸੌਰਾ ਵਿੱਚ ਪਿਛਲੇ ਕਈ ਸਾਲਾਂ ਤੋਂ ਗੁਰਆਸਰਾ ਟਰੱਸਟ (ਅਕਾਲ ਆਸਰਾ ਟਰੱਸਟ) ਚਲਾ ਰਹੇ ਸਨ ਤੇ ਉਹ ਅਨੇਕਾਂ ਬੱਚਿਆਂ ਦੀ ਦੇਖਭਾਲ ਕਰਦੇ ਸਨ ਤੇ ਉਹਨਾਂ ਨੂੰ ਪੜ੍ਹਾਈ ਕਰਵਾਉਂਦੇ ਸਨ ਤੇ ਉਹਨਾਂ ਨੇ ਅਨੇਕਾਂ ਸ਼ਹੀਦਾਂ ਦੇ ਬੱਚਿਆਂ ਨੂੰ ਵੀ ਸਾਂਭਿਆ। ਖਾਲਿਸਤਾਨੀ ਚਿੰਤਕ ਭਾਈ ਸਰਬਜੀਤ ਸਿੰਘ ਘੁਮਾਣ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਜਥੇਦਾਰ ਭਾਈ ਜਗਜੀਤ ਸਿੰਘ ਨਿਹੰਗ ਨੇ ਭਾਈ ਕੰਵਰ ਸਿੰਘ ਧਾਮੀ ਦੇ ਸਰੀਰਕ ਵਿਛੋੜੇ ਉੱਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਅਤੇ ਉਨ੍ਹਾਂ ਦੀ ਪੰਥਕ ਸੇਵਾ ਤੇ ਕੁਰਬਾਨੀ ਨੂੰ ਪ੍ਰਣਾਮ ਕਰਦਿਆਂ ਕਿਹਾ ਕਿ ਇਸ ਯੋਧੇ ਨੂੰ ਖਾਲਸਾ ਪੰਥ ਹਮੇਸ਼ਾ ਯਾਦ ਰੱਖੇਗਾ।

## ਅਮਨ ਅਰੋੜਾ ਵੱਲੋਂ ਬਾਬਾ ਫ਼ਰੀਦ ਯੂਨੀਵਰਸਿਟੀ ਵਿਖੇ ਸਕਿਲ ਅਤੇ ਹੈਲਥਕੇਅਰ ਨਾਲ ਸਬੰਧਤ ਚਾਰ ਅਹਿਮ ਪਹਿਲਕਦਮੀਆਂ ਦਾ ਉਦਘਾਟਨ

### ਹੈਲਥ ਕੇਅਰ ਸਕਿੱਲ ਐਕਸੀਲੈਂਸ ਪ੍ਰੋਗਰਾਮ ਸਿਹਤ ਸੰਭਾਲ ਲਈ ਮੀਲ ਪੱਥਰ ਸਾਬਿਤ ਹੋਵੇਗਾ : ਅਮਨ ਅਰੋੜਾ

### ਸਿਹਤ ਕਰਮਚਾਰੀਆਂ ਵਿੱਚ ਪੇਸ਼ਾਵਰ ਸਮਰੱਥਾ ਵਧੇਗੀ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਮਿਲਣਗੇ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 10 ਜਨਵਰੀ : ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਫਰੀਦਕੋਟ ਵਿਖੇ ਅੱਜ ਸਿਹਤ ਸਿੱਖਿਆ, ਸਕਿਲ ਵਿਕਾਸ ਅਤੇ ਸਮਾਜਿਕ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਚਾਰ ਮਹੱਤਵਪੂਰਨ ਪਹਿਲਕਦਮੀਆਂ ਦਾ ਉਦਘਾਟਨ ਕੀਤਾ ਗਿਆ, ਜੋ ਯੂਨੀਵਰਸਿਟੀ ਦੇ ਇਤਿਹਾਸ ਅਤੇ ਸਿਹਤ ਸੰਭਾਲ ਦੇ ਖੇਤਰ ਵਿੱਚ ਇੱਕ ਅਹਿਮ ਮੀਲ ਦਾ ਪੱਥਰ ਸਾਬਤ ਹੋਵੇਗਾ। ਇਨ੍ਹਾਂ ਪ੍ਰੋਗਰਾਮਾਂ ਦਾ ਉਦਘਾਟਨ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ, ਛਪਾਈ ਤੇ ਲਿਖਣ ਸਮੱਗਰੀ, ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਅਤੇ ਰੁਜਗਾਰ ਉਤਪਤੀ ਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਪੰਜਾਬ ਡਿਵੈਲਪਮੈਂਟ ਕਮਿਸ਼ਨ ਦੇ ਮੈਂਬਰ ਸ੍ਰੀ ਅਨੁਰਾਗ ਕੁੰਡੂ, ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ, ਵਿਧਾਇਕ ਸ੍ਰੀ ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਚਾਰ ਪਹਿਲ ਕਦਮੀਆਂ ਵਿੱਚ ਹੈਲਥ ਸਕਿਲ ਡਿਵੈਲਪਮੈਂਟ ਸੈਂਟਰ ਫਰੀਦਕੋਟ ਜੋ ਪੰਜਾਬ ਸਕਿਲ ਡਿਵੈਲਪਮੈਂਟ ਮਿਸ਼ਨ ਨਾਲ ਐਮ.ਓ.ਯੂ ਤਹਿਤ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਹਾਈ ਫਿਡੈਲਿਟੀ ਸਿਮੂਲੇਸ਼ਨ ਲੈਬ, ਪ੍ਰਧਾਨ ਮੰਤਰੀ ਵਿਕਾਸ ਯੋਜਨਾ ਅਧੀਨ ਉੱਦਮਤਾ ਵਿਕਾਸ ਪ੍ਰੋਗਰਾਮ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ 4.0 ਅਧੀਨ ਹੈਲਥ ਅਤੇ ਡੋਮੇਸਟਿਕ ਵਰਕਰਜ਼ ਅਤੇ ਕੇਅਰ-ਗਿਵਿੰਗ ਸੈਕਟਰ ਆਦਿ ਸ਼ਾਮਲ ਹਨ। ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਹੈਲਥਕੇਅਰ ਖੇਤਰ ਵਿੱਚ ਗੁਣਵੱਤਾ ਅਤੇ ਕੁਸ਼ਲਤਾ ਨੂੰ ਨਵੇਂ ਪੱਧਰ ‘ਤੇ ਲਿਜਾਣ ਲਈ ਹੈਲਥ ਕੇਅਰ ਸਕਿੱਲ ਐਕਸੀਲੈਂਸ ਪਹਿਲ ਤਹਿਤ ਅਹਿਮ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਦਾ ਮਕਸਦ ਨਰਸਿੰਗ, ਪੈਰਾਮੈਡੀਕਲ, ਲੈਬ ਟੈਕਨੋਲੋਜੀ, ਐਮਰਜੈਂਸੀ ਕੇਅਰ ਅਤੇ ਹੋਰ ਸਹਾਇਕ ਸਿਹਤ ਸੇਵਾਵਾਂ ਨਾਲ ਜੁੜੇ ਕਰਮਚਾਰੀਆਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕਰਕੇ ਮਰੀਜ਼ਾਂ ਦੀ ਸਿਹਤ ਅਤੇ ਸੇਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣਾ ਹੈ। ਉਨ੍ਹਾਂ ਦੱਸਿਆ ਕਿ ਹੈਲਥਕੇਅਰ ਸਕਿਲ ਐਕਸੀਲੈਂਸ ਪ੍ਰੋਗਰਾਮ ਹੇਠ ਹੱਥੀ ਕਿਰਤ ਟਰੇਨਿੰਗ, ਸਿਮੂਲੇਸ਼ਨ ਲੈਬਜ਼, ਡਿਜ਼ਿਟਲ ਹੈਲਥ ਟੂਲਜ਼ ਅਤੇ ਨਵੀਂ ਟੈਕਨੋਲੋਜੀ ਬਾਰੇ ਵਿਸਥਾਰਪੂਰਕ ਕੋਰਸ ਸ਼ਾਮਲ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਪ੍ਰੋਗਰਾਮ ਇੱਕ ਹੱਬ ਐਂਡ ਸਪੋਕ ਮਾਡਲ ਰਾਹੀਂ ਲਾਗੂ ਕੀਤਾ ਜਾਵੇਗਾ ਜਿਸ ਵਿੱਚ ਏਮਜ਼ ਬਠਿੰਡਾ ਨੋਡਲ ਸੈਂਟਰ ਵਜੋਂ ਅਤੇ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫਰੀਦਕੋਟ ਹੱਬ ਵਜੋਂ ਸ਼ਾਮਲ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਸਿਹਤ ਦੇ ਖੇਤਰ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪੰਜਾਬ ਦੇ ਵਸਨੀਕਾਂ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਹੁਣ ਤੱਕ ਪੰਜਾਬ ਸਰਕਾਰ 61 ਹਜਾਰ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ ਮੁਹਈਆ ਕਰਵਾ ਚੁੱਕੀ ਹੈ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਹੈਲਥ ਕੇਅਰ ਸਿੱਖਿਆ ਨੂੰ ਸਕਿਲ ਵਿਕਾਸ ਅਤੇ ਉੱਦਮਤਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਹੈਲਥ ਸਕਿਲ ਡਿਵੈਲਪਮੈਂਟ ਸੈਂਟਰ ਅਤੇ ਹਾਈ ਫਿਡੈਲਿਟੀ ਸਿਮੂਲੇਸ਼ਨ ਲੈਬ ਨਾਲ ਵਿਹਾਰਕ ਟਰੇਨਿੰਗ, ਰੋਜ਼ਗਾਰ ਯੋਗਤਾ ਅਤੇ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ। ਇਹ ਵਿਕਾਸ ਯੋਜਨਾਵਾਂ ਨੌਜਵਾਨਾਂ, ਮਹਿਲਾਵਾਂ ਅਤੇ ਹਾਸੀਏ ‘ਤੇ ਰਹਿੰਦੇ ਵਰਗਾਂ ਲਈ ਨਵੇਂ ਮੌਕੇ ਪੈਦਾ ਕਰਨਗੀਆਂ। ਵਿਧਾਇਕ ਗੁਰਦਿੱਤ ਸਿੰਘ ਸੇਖੋ ਨੇ ਹੈਲਥ ਕੇਅਰ ਸਕਿੱਲ ਐਕਸੀਲੈਂਸ ਪਹਿਲ ਤਹਿਤ ਕੀਤੇ ਗਏ ਉਪਰਾਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਸਿਹਤ ਕਰਮਚਾਰੀਆਂ ਦੀ ਪੇਸ਼ਾਵਰ ਸਮਰੱਥਾ ਵਧੇਗੀ ਅਤੇ ਹਸਪਤਾਲਾਂ ਵਿੱਚ ਸੇਵਾਵਾਂ ਹੋਰ ਪ੍ਰਭਾਵਸ਼ਾਲੀ ਬਣਨਗੀਆਂ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਯੂਨੀਵਰਸਿਟੀ ਦੇ ਇਤਿਹਾਸ ਅਤੇ ਸਿਹਤ ਸੰਭਾਲ ਦੇ ਖੇਤਰ ਵਿੱਚ ਇੱਕ ਅਹਿਮ ਮੀਲ ਦਾ ਪੱਥਰ ਸਾਬਤ ਹੋਵੇਗੀ। ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਕਿਹਾ ਕਿ ਹੈਲਥ ਕੇਅਰ ਸਕਿੱਲ ਐਕਸੀਲੈਂਸ ਜਿਹੀਆਂ ਪਹਿਲਕਦਮੀਆਂ ਨਾਲ ਨਾ ਸਿਰਫ਼ ਸਿਹਤ ਸੇਵਾਵਾਂ ਦੀ ਗੁਣਵੱਤਾ ਸੁਧਰੇਗੀ, ਸਗੋਂ ਮਰੀਜ਼ਾਂ ਦਾ ਭਰੋਸਾ ਵੀ ਮਜ਼ਬੂਤ ਹੋਵੇਗਾ। ਇਹ ਕਦਮ ਭਵਿੱਖ ਦੇ ਹੈਲਥਕੇਅਰ ਸਿਸਟਮ ਲਈ ਇੱਕ ਮੀਲ ਦਾ ਪੱਥਰ ਸਾਬਤ ਹੋ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੀ.ਐਮ. ਵਿਕਾਸ ਅਧੀਨ ਉੱਦਮਤਾ ਵਿਕਾਸ ਪ੍ਰੋਗਰਾਮ, ਸਵੈ-ਰੋਜ਼ਗਾਰ, ਮਹਿਲਾ ਕੇਂਦਰਿਤ ਉੱਦਮ ਅਤੇ ਸਕਿਲ ਆਧਾਰਿਤ ਪ੍ਰੋਗਰਾਮਾਂ ਨੂੰ ਉਤਸ਼ਾਹਿਤ ਕਰੇਗਾ ਅਤੇ ਯੂਨੀਵਰਸਿਟੀ ਹੈਲਥ ਕੇਅਰ ਅਤੇ ਸਕਿੱਲ ਡਿਵੈਲਪਮੈਂਟ ਦੇ ਖੇਤਰ ਵਿੱਚ ਹੱਬ ਵਜੋਂ ਉਭਰੇਗੀ। ਇਸ ਮੌਕੇ ਡਾ. ਸੰਦੀਪ ਸਿੰਘ ਕੌੜਾ ਚਾਂਸਲਰ ਸ਼ਹੀਦ ਊਧਮ ਸਿੰਘ ਸਕਿੱਲ ਯੂਨੀਵਰਸਿਟੀ, ਸ਼੍ਰੀ ਅਰਵਿੰਦ ਕੁਮਾਰ ਰਜਿਸਟਰਾਰ, ਪ੍ਰਿੰਸੀਪਲ ਡਾ. ਸੰਜੇ ਗੁਪਤਾ, ਡਾ ਜਸਬੀਰ ਕੌਰ, ਚੇਅਰਮੈਨ ਸ. ਅਮਨਦੀਪ ਸਿੰਘ ਬਾਬਾ , ਚੇਅਰਮੈਨ ਪਲਾਨਿੰਗ ਬੋਰਡ ਸ. ਗੁਰਤੇਜ ਸਿੰਘ ਖੋਸਾ, ਸ. ਗੁਰਸ਼ਰਨ ਸਿੰਘ ਬਰਾੜ ਸਰਪੰਚ ਕਾਬਲ ਵਾਲਾ, ਸ.ਸਰਬਜੀਤ ਸਿੰਘ ਬਰਾੜ ਬਲਾਕ ਸੰਮਤੀ ਮੈਂਬਰ, ਰਿੰਕੂ ਸਮਾਧਾਂ ਵਾਲਾ, ਜਗਮੋਹਨ ਸਿੰਘ ਲੱਕੀ ਯੂਥ ਪ੍ਰਧਾਨ, ਗੁਰਪ੍ਰੀਤ ਸਿੰਘ ਧਾਲੀਵਾਲ ਯੂਥ ਪ੍ਰਧਾਨ, ਐਮ.ਸੀ. ਵਿਜੇ ਛਾਬੜਾ, ਐਮ.ਸੀ ਕਮਲਜੀਤ, ਰਵੀ ਬੁਗਰਾ, ਅਮਰਜੀਤ ਮਾਸਟਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।